ਮਿਤੀ 01.03.2022

# ਪ੍ਰੈਸ ਨੋਟ

**ਜਿਲਾ ਫਿਰੋਜਪੁਰ ਪੁਲਿਸ ਵੱਲੋ ਨਸ਼ਾ ਸਮੱਗਲਰਾਂ ਖਿਲਾਫ ਕਾਰਵਾਈ ਕਰਦੇ ਹੋਏ 1 ਕਿਲੋ 574 ਗ੍ਰਾਂਮ ਹੈਰੋਇੰਨ ਅਤੇ 50,000/- ਰੁਪਏ ਡਰੱਗ ਮਨੀ ਬਰਾਮਦ ਕਰਦੇ ਹੋਏ ਦੋਸ਼ੀ ਨੂੰ ਗ੍ਰਿਫਤਾਰ ਕੀਤਾ ਗਿਆ**

ਡਾ. ਨਰਿੰਦਰ ਭਾਰਗਵ ਆਈ.ਪੀ.ਐਸ, ਸੀਨੀਅਰ ਕਪਤਾਨ ਪੁਲਿਸ ਫਿਰੋਜਪੁਰ ਜੀ ਵੱਲੋ ਪ੍ਰੈਸ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਗਿਆ ਕਿ ਮਾਨਯੋਗ ਇਲੈਕਸ਼ਨ ਕਮਿਸ਼ਨ ਭਾਰਤ ਸਰਕਾਰ, ਮੁੱਖ ਚੋਣ ਅਫਸਰ ਪੰਜਾਬ ਅਤੇ ਮਾਨਯੋਗ ਡਾਇਰੈਕਟਰ ਜਨਰਲ ਪੁਲਿਸ, ਪੰਜਾਬ ਜੀ ਵੱਲੋਂ ਇਲੈਕਸ਼ਨ ਦੇ ਸਬੰਧ ਵਿੱਚ ਜਾਰੀ ਕੀਤੀਆਂ ਹਦਾਇਤਾਂ ਅਨੁਸਾਰ ਜਿਲ੍ਹਾ ਫਿਰੋਜ਼ਪੁਰ ਵਿੱਚ ਮਾੜੇ ਅਨਸਰਾਂ ਵਿਰੁੱਧ ਚਲਾਈ ਗਈ ਸਪੈਸ਼ਲ ਮੁਹਿੰਮ ਤਹਿਤ ਸਪੈਸ਼ਲ ਨਾਕਾਬੰਦੀਆਂ ਅਤੇ ਗਸ਼ਤਾਂ ਚੱਲ ਰਹੀਆਂ ਹਨ, ਜਿਸ ਵਿੱਚ ਜਿਲ੍ਹਾ ਫਿਰੋਜ਼ਪੁਰ ਪੁਲਿਸ ਨੂੰ ਉਸ ਸਮੇਂ ਭਾਰੀ ਸਫਲਤਾ ਹਾਸਲ ਹੋਈ ਜਦੋਂ ਸੀ.ਆਈ.ਏ ਸਟਾਫ ਫਿਰੋਜ਼ਪੁਰ ਦੀ ਪੁਲਿਸ ਟੀਮ ਵੱਲੋਂ ਗਸ਼ਤ ਦੌਰਾਨ ਹਾਸਲ ਹੋਈ ਮੁਖਬਰੀ ਮੁਤਾਬਿਕ ਕਾਰਵਾਈ ਕਰਦੇ ਹੋਏ ਲਿੰਕ ਰੋਡ **ਪਿੰਡ ਬਾਰੇ ਕੇ ਪੁਲ ਨਹਿਰ ਦਾਣਾ ਮੰਡੀ ਨਜ਼ਦੀਕ ਰੇਡ ਕਰਕੇ ਦੋਸ਼ੀ ਰਵਿੰਦਰ ਸਿੰਘ ਪੁੱਤਰ ਟੇਕ ਚੰਦ ਪੁੱਤਰ ਗੁਲਜ਼ਾਰ ਸਿੰਘ ਉਕੱਤ ਨੂੰ ਕਾਬੂ ਕਰਦੇ ਹੋਏ ਉਸਦੇ ਕਬਜ਼ਾ ਵਿੱਚੋਂ ਮੌਕਾ ਪਰ 859 ਗ੍ਰਾਂਮ ਹੈਰੋਇੰਨ ਬਰਾਮਦ ਕਰਕੇ** ਮੁਕੱਦਮਾ ਨੰਬਰ 45 ਮਿਤੀ 01-03-2022 ਅ/ਧ 21/61/85 ਐਨ.ਡੀ.ਪੀ.ਐਸ ਐਕਟ ਥਾਣਾ ਸਦਰ ਫਿਰੋਜ਼ਪੁਰ ਦਰਜ਼ ਕਰਵਾਇਆ ਗਿਆ। ਮੁਢਲੀ ਤਫਤੀਸ਼ ਦੌਰਾਨ ਦੋਸ਼ੀ ਰਵਿੰਦਰ ਸਿੰਘ ਪੁੱਤਰ ਟੇਕ ਚੰਦ ਉਕੱਤ ਨੇ ਆਪਣੀ ਪੁੱਛ-ਗਿੱਛ ਦੌਰਾਨ ਇੰਕਸ਼ਾਫ ਕੀਤਾ ਕਿ ਉਹ, ਸ਼ਿਵਾ ਅਤੇ ਅਨਮੋਲ ਉਰਫ ਕਾਲਾ ਪੁੱਤਰਾਨ ਸਰੂਪ ਵਾਸੀਆਨ ਪਿੰਡ ਬਾਰੇ ਕੇ ਆਪਸ ਵਿੱਚ ਮਿਲਕੇ ਬਾਰਡਰ ਪਾਰ ਪਾਕਿਸਤਾਨ ਦੇ ਸਮੱਗਲਰਾਂ ਤੋਂ ਹੈਰੋਇੰਨ ਮੰਗਵਾ ਕੇ ਵੇਚਣ ਦਾ ਧੰਦਾ ਕਰਦੇ ਹਨ। ਉਹਨਾਂ ਤਿੰਨਾਂ ਨੇ ਆਪਸ ਵਿੱਚ ਮਿਲਕੇ ਹੋਰ ਵੀ ਹੈਰੋਇੰਨ ਅਤੇ ਉਸਦੇ ਨਾਲ ਪਹਿਲਾਂ ਤੋਂ ਵੇਚੀ ਗਈ ਹੈਰੋਇੰਨ ਦੀ ਵੱਟਤ ਦੇ ਪੈਸੇ ਇਕੱਠੇ ਕਰਕੇ ਸ਼ਿਵਾ ਅਤੇ ਅਨਮੋਲ ਉਰਫ ਕਾਲੀ ਦੇ ਰਿਹਾਇਸ਼ੀ ਮਕਾਨ ਵਿੱਚ ਇੱਕ ਤਰਫ ਜਮੀਨ ਵਿੱਚ ਦੱਬਕੇ ਲੁਕਾ-ਛੁਪਾ ਕੇ ਰੱਖੇ ਹੋਏ ਹਨ, ਜਿਸ ਬਾਰੇ ਉਸਨੂੰ, ਸ਼ਿਵਾ ਅਤੇ ਅਨਮੋਲ ਉਰਫ ਕਾਲੀ ਨੂੰ ਹੀ ਪਤਾ ਹੈ, ਜਿਸਤੇ ਐਸ.ਆਈ ਤਾਰਾ ਸਿੰਘ ਵੱਲੋਂ ਦੋਸ਼ੀ ਰਵਿੰਦਰ ਸਿੰਘ ਉਕੱਤ ਵੱਲੋਂ ਕੀਤੇ ਇੰਕਸ਼ਾਫ ਮੁਤਾਬਿਕ ਸ਼ਿਵਾ ਅਤੇ ਅਨਮੋਲ ਉਰਫ ਕਾਲੀ ਉਕੱਤਾਨ ਦੇ ਘਰ ਰੇਡ ਕੀਤਾ ਗਿਆ ਪਰੰਤੂ ਸ਼ਿਵਾ ਅਤੇ ਅਨਮੋਲ ਉਰਫ ਕਾਲੀ ਉਕੱਤਾਨ ਦੋਵੇਂ ਘਰ ਵਿੱਚ ਹਾਜ਼ਰ ਨਹੀਂ ਮਿਲੇ, ਜਿਥੇ ਦੋਸ਼ੀ ਰਵਿੰਦਰ ਸਿੰਘ ਉਕੱਤ ਵੱਲੋਂ ਆਪਣੀ ਨਿਸ਼ਾਨਦੇਹੀ ਤੇ ਤਿੰਨਾਂ ਵੱਲੋਂ ਪਹਿਲਾਂ ਤੋਂ ਦਬਾਕੇ ਰੱਖੀ ਗਈ 715 ਗ੍ਰਾਂਮ ਹੈਰੋਇੰਨ ਅਤੇ ਇਹਨਾਂ ਵੱਲੋਂ ਪਹਿਲਾਂ ਵੇਚੀ ਹੈਰੋਇੰਨ ਦੀ ਵੱਟਤ ਦੇ 50,000/- ਰੁਪਏ ਬਰਾਮਦ ਕਰਵਾਏ। ਰਹਿੰਦੇ ਦੋਸ਼ੀ ਸ਼ਿਵਾ ਅਤੇ ਅਨਮੋਲ ਉਰਫ ਕਾਲੀ ਪੁੱਤਰਾਨ ਸਰੂਪ ਵਾਸੀਆਨ ਬਾਰੇ ਕੇ ਨੂੰ ਜਲਦ ਗ੍ਰਿਫਤਾਰ ਕੀਤਾ ਜਾਵੇਗਾ। ਮੁਕੱਦਮਾਂ ਵਿੱਚ ਕੁੱਲ 1 ਕਿਲੋ 574 ਗ੍ਰਾਂਮ ਹੈਰੋਇੰਨ ਅਤੇ 50,000/- ਰੁਪਏ ਡਰੱਗ ਮਨੀ ਬਰਾਮਦ ਹੋ ਚੁੱਕੀ ਹੈ। ਦੋਸ਼ੀ ਰਵਿੰਦਰ ਸਿੰਘ ਨੂੰ ਪੇਸ਼ ਅਦਾਲਤ ਕਰਕੇ ਪੁਲਿਸ ਰਿਮਾਂਡ ਹਾਸਲ ਕੀਤਾ ਜਾਵੇਗਾ।

**ਮੁਕੱਦਮਾ ਨੰਬਰ 45 ਮਿਤੀ 01-03-2022 ਅ/ਧ 21/61/85 ਐਨ.ਡੀ.ਪੀ.ਐਸ ਐਕਟ ਥਾਣਾ ਸਦਰ ਫਿਰੋਜ਼ਪੁਰ।**

**ਦੋਸ਼ੀ**
1) ਰਵਿੰਦਰ ਸਿੰਘ (ਉਮਰ ਕਰੀਬ 23 ਸਾਲ) ਪੁੱਤਰ ਟੇਕ ਚੰਦ
2) ਸ਼ਿਵਾ ਪੁੱਤਰ ਸਰੂਪ
3) ਅਨਮੋਲ ਉਰਫ ਕਾਲਾ ਪੁੱਤਰ ਸਰੂਪ ਵਾਸੀਆਨ ਪਿੰਡ ਬਾਰੇ ਕੇ।

**ਵਕੂਆ ਦੀ ਜਗ੍ਹਾ ਅਤੇ ਮਿਤੀ :-** 01-03-2022 ਲਿੰਕ ਰੋਡ ਪਿੰਡ ਬਾਰੇ ਕੇ ਪੁਲ ਨਹਿਰ ਨੇੜੇ ਦਾਣਾ ਮੰਡੀ

**ਬਰਾਮਦਗੀ :-** 1 ਕਿਲੋ 574 ਗ੍ਰਾਂਮ ਹੈਰੋਇੰਨ ਅਤੇ 50,000/- ਰੁਪਏ ਡਰੱਗ ਮਨੀ।

Scanned by TapScanner